**CODE : 72/A** **512/A**

**Roll No. : ..............................................**

**Total No. of Questions : 12 ]** **[ Total No. of Printed Pages : 4**

**X**

**2326**

**ਸਲਾਨਾ ਪਰੀਖਿਆ ਪ੍ਰਣਾਲੀ**

# PUNJABI

**Paper : B**

**(Morning Session)**

**Time Allowed : 3 Hours** **Maximum Marks : 65**

---

**ਨੋਟ** : *(i)* ਆਪਣੀ ਉੱਤਰ-ਪੱਤਰੀ ਦੇ ਟਾਈਟਲ ਪੰਨੇ 'ਤੇ ਵਿਸ਼ਾ-ਕੋਡ/ਪੇਪਰ-ਕੋਡ ਵਾਲ਼ੇ ਖ਼ਾਨੇ ਵਿੱਚ ਵਿਸ਼ਾ-ਕੋਡ/ਪੇਪਰ-ਕੋਡ 72/A ਜ਼ਰੂਰ ਦਰਜ ਕਰੋ।

*(ii)* ਉੱਤਰ-ਪੱਤਰੀ ਲੈਂਦੇ ਹੀ ਇਸ ਦੇ ਪੰਨੇ ਗਿਣ ਕੇ ਦੇਖ ਲਓ ਕਿ ਇਸ ਵਿੱਚ ਟਾਈਟਲ ਸਹਿਤ 24 ਪੰਨੇ ਹਨ ਅਤੇ ਠੀਕ ਕ੍ਰਮਵਾਰ ਹਨ।

*(iii)* ਉੱਤਰ-ਪੱਤਰੀ ਵਿੱਚ ਖ਼ਾਲੀ ਪੰਨਾ/ਪੰਨੇ ਛੱਡਣ ਤੋਂ ਬਾਅਦ ਹੱਲ ਕੀਤੇ ਗਏ ਪ੍ਰਸ਼ਨ/ਪ੍ਰਸ਼ਨਾਂ ਦਾ ਮੁਲਾਂਕਣ ਨਹੀਂ ਕੀਤਾ ਜਾਵੇਗਾ।

*(iv)* ਕੋਈ ਵਾਧੂ ਸ਼ੀਟ ਨਹੀਂ ਮਿਲ਼ੇਗੀ। ਇਸ ਲਈ ਉੱਤਰ ਢੁਕਵੇਂ ਹੀ ਲਿਖੋ ਅਤੇ ਲਿਖਿਆ ਉੱਤਰ ਨਾ ਕੱਟੋ।

*(v)* ਸਾਰੇ ਪ੍ਰਸ਼ਨ ਜ਼ਰੂਰੀ ਹਨ।

*(vi)* ਪ੍ਰਸ਼ਨ-ਪੱਤਰ ਵਿੱਚ ਕੁੱਲ 12 ਪ੍ਰਸ਼ਨ ਹਨ।

1. ਵਸਤੂਨਿਸ਼ਠ ਪ੍ਰਸ਼ਨ : 10 × 1 = 10

(ੳ) ਵਿਆਕਰਨ ਵਿੱਚ ਅਰਥਾਂ ਦੇ ਪੱਖ ਤੋਂ ਸ਼ਬਦਾਂ ਦੀ ਵਿਆਖਿਆ ਕਰਨ ਵਾਲੇ ਭਾਗ ਨੂੰ ਕੀ ਕਿਹਾ ਜਾਂਦਾ ਹੈ? 1

(ਅ) ਕੰਮ-ਚਲਾਊ ਭਾਸ਼ਾ ਜਦੋਂ ਸਥਾਨਿਕ ਭਾਸ਼ਾ ਬਣ ਜਾਵੇ ਤਾਂ ਉਸ ਨੂੰ ਕੀ ਨਾਂ ਦਿੱਤਾ ਜਾਂਦਾ ਹੈ? 1

(ੲ) ਪੰਜਾਬੀ ਭਾਸ਼ਾ ਵਿੱਚ ਸੁਰ-ਵਾਹਕ ਅੱਖਰ ਕਿਹੜੇ ਹਨ? 1

(ਸ) ਪੰਜਾਬੀ ਭਾਸ਼ਾ ਲਈ ਢੁਕਵੀਂ ਲਿਪੀ ਕਿਹੜੀ ਹੈ? 1

(ਹ) ਨਾਂਵ ਦੀਆਂ ਕਿੰਨੀਆਂ ਕਿਸਮਾਂ ਹੁੰਦੀਆਂ ਹਨ? 1

(ਕ) 'ਜੋਗੀ' ਸ਼ਬਦ ਦਾ ਇਸਤਰੀ-ਲਿੰਗ ਰੂਪ ਲਿਖੋ। 1

(ਖ) ਜਿਸ ਸ਼ਬਦ ਦੇ ਇੱਕ ਤੋਂ ਵੱਧ ਅਰਥ ਹੋਣ, ਉਸ ਨੂੰ ਕੀ ਕਹਿੰਦੇ ਹਨ? 1

(ਗ) 'ਮੈਂ ਆਪ ਉਸ ਨੂੰ ਨਕਲ ਮਾਰਦੇ ਦੇਖਿਆ ਹੈ।' ਵਾਕ ਵਿੱਚ 'ਆਪ' ਸ਼ਬਦ ਕਿਸ ਪ੍ਰਕਾਰ ਦਾ ਪੜਨਾਂਵ ਹੈ? 1

(ਘ) 'ਬੱਚੇ ਛੁੱਟੀਆਂ ਵਿੱਚ ਨਾਨਕੇ ਗਏ ਸਨ।' ਵਾਕ ਦਾ ਕਾਲ-ਰੂਪ ਕਿਹੜਾ ਹੈ? 1

(ਙ) 'ਉਦਾਸ' ਸ਼ਬਦ ਦਾ ਸਮਾਨਾਰਥਕ ਸ਼ਬਦ ਲਿਖੋ। 1

2. ਹੇਠ ਲਿਖੇ ਵਿਸ਼ਿਆਂ ਵਿੱਚੋਂ ਕਿਸੇ ਇੱਕ ਵਿਸ਼ੇ ਉੱਤੇ ਲਗ-ਪਗ **400** ਸ਼ਬਦਾਂ ਦਾ ਲੇਖ ਲਿਖੋ : 10

(ੳ) ਸ੍ਰੀ ਗੁਰੂ ਨਾਨਕ ਦੇਵ ਜੀ

(ਅ) ਭਰੂਣ-ਹੱਤਿਆ

(ੲ) ਸਾਡੇ ਮੇਲੇ ਅਤੇ ਤਿਉਹਾਰ

(ਸ) ਮਿਠਤੁ ਨੀਵੀ ਨਾਨਕਾ ਗੁਣ ਚੰਗਿਆਈਆ ਤਤੁ

(ਹ) ਮੋਬਾਈਲ ਫ਼ੋਨ ਦਾ ਵਧਦਾ ਰੁਝਾਨ

3. ਤੁਹਾਡੇ ਪਿੰਡ ਦਾ ਕੋਈ ਨੇੜਲਾ ਵਿਅਕਤੀ ਵਿਦੇਸ਼ ਗਿਆ ਹੈ। ਇੱਕ ਪੱਤਰ ਰਾਹੀਂ ਉਸ ਨੂੰ ਉਸ ਦੇ ਜਾਣ ਪਿੱਛੋਂ ਆਪਣੇ ਪਿੰਡ ਵਿੱਚ ਆਈਆਂ ਤਬਦੀਲੀਆਂ ਬਾਰੇ ਦੱਸੋ। 2 + 3 + 1 = 6

ਜਾਂ

ਆਪਣੇ ਸਕੂਲ ਦੇ ਪ੍ਰਿੰਸੀਪਲ/ਮੁੱਖ ਅਧਿਆਪਕ ਨੂੰ ਲਾਇਬ੍ਰੇਰੀ ਨੂੰ ਸੁਚਾਰੂ ਰੂਪ ਵਿੱਚ ਚਲਾਉਣ ਲਈ ਬੇਨਤੀ-ਪੱਤਰ ਲਿਖੋ।

4. ਹੇਠ ਲਿਖੇ ਪੈਰੇ ਦੀ ਸੰਖੇਪ ਰਚਨਾ ਲਗ-ਪਗ ਇੱਕ ਤਿਹਾਈ ਸ਼ਬਦਾਂ ਵਿੱਚ ਲਿਖੋ ਅਤੇ ਢੁਕਵਾਂ ਸਿਰਲੇਖ ਵੀ ਲਿਖੋ : 5 + 1 = 6

ਪੰਜਾਬੀ ਸੱਭਿਆਚਾਰ ਕੇਵਲ ਗਿੱਧੇ-ਭੰਗੜੇ ਦਾ ਸੱਭਿਆਚਾਰ ਹੀ ਨਹੀਂ, ਜਿਸ ਤਰ੍ਹਾਂ ਕਿ ਕੁਝ ਲੋਕ ਕਹਿੰਦੇ ਹਨ। ਇਹ ਤਾਂ ਬਹੁਤ ਚੇਤਨ, ਉਸਾਰੀ ਤੇ ਕਰਨੀ-ਪ੍ਰਧਾਨ ਸੱਭਿਆਚਾਰ ਹੈ ਜਿਸ ਨੂੰ ਸਮਝਣਾ ਬਹੁਤ ਜ਼ਰੂਰੀ ਹੈ। ਅੱਜ ਦਾ ਪੰਜਾਬੀ ਅਜਿਹੇ ਚੇਤਨ ਸੱਭਿਆਚਾਰ ਤੋਂ ਖਿਸਕਿਆ ਹੋਇਆ ਹੈ। ਇਸੇ ਕਰਕੇ ਉਹ ਇਸ ਪ੍ਰਤਿ ਚੇਤਨ ਅਤੇ ਵਫ਼ਾਦਾਰ ਨਹੀਂ ਹੈ। ਪੰਜਾਬੀ ਸੱਭਿਆਚਾਰ ਚੇਤਨ ਪੱਧਰ 'ਤੇ ਆਪਣੇ ਵਿੱਚ ਬਹੁਤ ਕੁਝ ਸਮੇਟੀ ਬੈਠਾ ਹੈ। ਪੰਜ ਨਦੀਆਂ ਦਾ ਦੇਸ ਪੰਜਾਬ ਸ਼ੁਰੂ ਤੋਂ ਹੀ ਹਮਲਾਵਰਾਂ ਦਾ ਰਾਹ ਬਣਿਆ ਰਿਹਾ ਹੈ, ਜਿਨ੍ਹਾਂ ਨਾਲ਼ ਪੰਜਾਬੀ ਸਦਾ ਜੂਝਦਾ ਰਿਹਾ ਤੇ ਜਿੱਤਾਂ ਹਾਸਲ ਕਰਦਾ ਰਿਹਾ ਹੈ। ਬਹਾਦਰੀ, ਅਣਖ ਤੇ ਆਪਾ ਵਾਰਨ ਦੀ ਸਮਰੱਥਾ ਇਸ ਦੇ ਸੱਭਿਆਚਾਰ ਦਾ ਇੱਕ ਅਟੁੱਟ ਹਿੱਸਾ ਰਿਹਾ ਹੈ। ਪੰਜਾਬੀ ਸੱਭਿਆਚਾਰ 'ਚ ਭਾਈ ਘਨ੍ਹੱਈਆ ਦੁਸ਼ਮਣਾਂ ਨੂੰ ਪਾਣੀ ਪਿਆਉਂਦਾ ਹੈ, ਲਾਲਾ ਲਾਜਪਤ ਰਾਏ ਤੇ ਭਗਤ ਸਿੰਘ ਦੇਸ-ਭਗਤੀ ਦਾ ਜਜ਼ਬਾ ਪ੍ਰਗਟਾਉਂਦੇ ਹਨ। ਕਵੀ ਪ੍ਰੋ. ਪੂਰਨ ਸਿੰਘ ਨੂੰ ਰਾਂਝਾ ਤੇ ਹੀਰ ਗੁਰੂ ਦੇ ਸਿੱਖ ਜਾਪਦੇ ਹਨ, ਉਸ ਨੂੰ ਪੰਜਾਬ ਦੇ ਦਰਿਆ ਜਾਪੁ ਸਾਹਿਬ ਗਾਉਂਦੇ ਪ੍ਰਤੀਤ ਹੁੰਦੇ ਹਨ। ਕਿਸਾਨ ਖੇਤਾਂ ਵਿੱਚ ਅੰਨ ਉਪਜਾਉਂਦਾ ਹੈ ਤੇ ਪੂਰੇ ਭਾਰਤਵਾਸੀਆਂ ਦਾ ਢਿੱਡ ਭਰਦਾ ਹੈ। ਲਗਨ, ਮਿਹਨਤ, ਸੰਕਟ ਵਿੱਚ ਵੀ ਭਰੋਸਾ, ਚੜ੍ਹਦੀ ਕਲਾ, ਸ਼ਾਸਤਰ ਤੇ ਸ਼ਸਤਰ ਪ੍ਰਤਿ ਪ੍ਰਤਿਬੱਧਤਾ, ਕੌਮਾਂਤਰੀ ਪਰਿਪੇਖ ਪ੍ਰਤਿ ਜਾਗਰੂਕਤਾ ਆਦਿ। ਕਈ ਲੋਕ ਪੰਜਾਬੀ ਸੱਭਿਆਚਾਰ ਦੀ ਤਸਵੀਰ ਦਾ ਹਾਲੇ ਧੁੰਦਲਾ ਪੱਖ ਹੀ ਉਸਾਰਦੇ ਹਨ। ਸੋ ਲੋੜ ਹੈ ਇਸ ਨੂੰ ਸਮਝਣ ਦੀ, ਇਸ ਪ੍ਰਤਿ ਚੇਤਨ ਹੋਣ ਦੀ ਤੇ ਇਸ ਨੂੰ ਅਪਣਾਉਣ ਦੀ।

5. ਹੇਠ ਲਿਖੇ ਮੁਹਾਵਰਿਆਂ ਵਿੱਚੋਂ ਕੇਵਲ ਤਿੰਨ ਨੂੰ ਵਾਕਾਂ ਵਿੱਚ ਇਸ ਤਰ੍ਹਾਂ ਵਰਤੋ ਕਿ ਅਰਥ ਸਪਸ਼ਟ ਹੋ ਜਾਣ : 3 × 2 = 6

(ੳ) ਉਂਗਲ਼ ਕਰਨਾ

(ਅ) ਇੱਕ ਦੀਆਂ ਚਾਰ ਸੁਣਾਉਣਾ

(ੲ) ਖ਼ੂਨ ਸਫ਼ੈਦ ਹੋਣਾ

(ਸ) ਸੁਰ ਮਿਲ਼ਨਾ

(ਹ) ਗਿੱਲਾ ਪੀਹਣ ਪਾਉਣਾ

(ਕ) ਜਫ਼ਰ ਜਾਲਣੇ

6. ਵਿਸਰਾਮ-ਚਿੰਨ੍ਹ ਲਾ ਕੇ ਹੇਠਾਂ ਦਿੱਤੇ ਵਾਕ ਨੂੰ ਦੁਬਾਰਾ ਲਿਖੋ : 6 × ½ = 3

ਵਿਦਿਆਰਥੀਆਂ ਦੀ ਜਾਣਕਾਰੀ ਵਿੱਚ ਵਾਧਾ ਕਰਦਿਆਂ ਅਧਿਆਪਕ ਨੇ ਕਿਹਾ ਸਾਰੇ ਪੰਜਾਬ ਦੇ ਸਕੂਲਾਂ ਦੀਆਂ ਸਲਾਨਾ ਪਰੀਖਿਆਵਾਂ ਲੈਣ ਵਾਲ਼ੇ ਪੰਜਾਬ ਸਕੂਲ ਸਿੱਖਿਆ ਬੋਰਡ ਦਾ ਦਫ਼ਤਰ ਅੱਜ ਕੱਲ੍ਹ ਸਾਹਿਬਜਾਦਾ ਅਜੀਤ ਸਿੰਘ ਨਗਰ ਚ ਹੈ

7. ਹੇਠ ਲਿਖੇ ਪ੍ਰਸ਼ਨਾਂ ਦੇ ਸੰਖੇਪ ਉੱਤਰ ਲਿਖੋ : $2 + 2 + 2 = 6$

(ੳ) 1. ਵਿਆਕਰਨ ਦੀ ਪੜ੍ਹਾਈ ਪੜ੍ਹਨੀ ਕਿਉਂ ਜ਼ਰੂਰੀ ਹੈ? 2

2. ਪੰਜਾਬੀ ਭਾਸ਼ਾ ਵਿੱਚ ਅਰਧ ਸੁਰ-ਧੁਨੀਆਂ ਤੋਂ ਕੀ ਭਾਵ ਹੈ? 2

(ਅ) ਵਿਅੰਜਨ ਧੁਨੀਆਂ ਦੀ ਪਰਿਭਾਸ਼ਾ ਲਿਖੋ। 2

8. ਹੇਠ ਲਿਖੇ ਪ੍ਰਸ਼ਨਾਂ ਦੇ ਸੰਖੇਪ ਉੱਤਰ ਲਿਖੋ : $1 + 1 = 2$

(ੳ) ਉੜਾ ਅੱਖਰ ਨਾਲ਼ ਕਿਹੜੇ ਨਾਸਕੀ ਚਿੰਨ੍ਹ ਦੀ ਵਰਤੋਂ ਹੁੰਦੀ ਹੈ? 1

(ਅ) ਗੁਰਮੁਖੀ ਲਿਪੀ ਵਿੱਚ ਕਿੰਨੀਆਂ ਲਗਾਂ ਨਾਲ਼ ਬਿੰਦੀ ਦੀ ਵਰਤੋਂ ਕੀਤੀ ਜਾਂਦੀ ਹੈ? 1

9. (ੳ) ਪੜਨਾਂਵ ਜਾਂ ਕਿਰਿਆ ਦੀ ਪਰਿਭਾਸ਼ਾ ਉਦਾਹਰਨਾਂ ਸਹਿਤ ਲਿਖੋ। 2

(ਅ) ਕਿਰਿਆ-ਵਿਸ਼ੇਸ਼ਣ ਦੀਆਂ ਕੋਈ ਦੋ ਕਿਸਮਾਂ ਉਦਾਹਰਨਾਂ ਸਹਿਤ ਲਿਖੋ। 2

$2 + 2 = 4$

10. ਹੇਠ ਲਿਖੇ ਵਾਕ ਨੂੰ ਵਚਨ ਤੇ ਲਿੰਗ ਬਦਲਣ ਉਪਰੰਤ ਦੋ ਵੱਖੋ-ਵੱਖਰੇ ਵਾਕਾਂ ਵਿੱਚ ਲਿਖੋ : 2

ਚੰਗੇ ਬੱਚੇ ਮਾਪਿਆਂ ਦਾ ਨਾਂ ਦੁਨੀਆ ਵਿੱਚ ਰੋਸ਼ਨ ਕਰਦੇ ਹਨ।

11. ਹੇਠ ਲਿਖੇ ਵਾਕ ਨੂੰ ਭੂਤ-ਕਾਲ ਅਤੇ ਭਵਿਖਤ-ਕਾਲ ਵਿੱਚ ਬਦਲਣ ਉਪਰੰਤ ਦੋ ਵੱਖੋ-ਵੱਖਰੇ ਵਾਕਾਂ ਵਿੱਚ ਲਿਖੋ : 4

ਚੰਗਾ ਪੜ੍ਹਾਉਣ ਵਾਲ਼ੇ ਅਧਿਆਪਕ ਨੂੰ ਸਾਰੇ ਵਿਦਿਆਰਥੀ ਪਿਆਰ ਕਰਦੇ ਹਨ।

12. (ੳ) 'ਉਲ਼ਟੀ' ਸ਼ਬਦ ਦੇ ਦੋ ਵੱਖ-ਵੱਖ ਅਰਥ ਦਰਸਾਉਂਦੇ ਵਾਕ ਬਣਾਓ। 2

(ਅ) 'ਅਨਾਥ' ਸ਼ਬਦ ਦੇ ਦੋ ਸਮਾਨਾਰਥਕ ਸ਼ਬਦ ਲਿਖੋ। 2

(ੲ) ਬਹੁਤੇ ਸ਼ਬਦਾਂ ਲਈ ਇੱਕ ਢੁਕਵਾਂ ਸ਼ਬਦ ਲਿਖੋ : 2

ਕਿਸੇ ਲੇਖਕ ਜਾਂ ਕਲਾਕਾਰ ਦੀ ਸਭ ਤੋਂ ਉੱਤਮ ਰਚਨਾ

$2 + 2 + 2 = 6$